# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :24-07-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਸਰਵਉੱਚ ਅਦਾਲਤ ਵਲੋਂ ਕੇਂਦਰ ਸਰਕਾਰ ਅਤੇ ਰਾਸ਼ਟਰੀ ਪ੍ਰੀਖਿਆ ਏਜੰਸੀ ਨੂੰ, NEET-UG ਪੇਪਰ ਲੀਕ ਮਾਮਲੇ ਤੋਂ ਬਾਅਦ ਸੁਧਾਰਾਂ ਨੂੰ ਲਾਗੂ ਕਰਨ ਵਿੱਚ ਹੋਈ ਪ੍ਰਗਤੀ ਬਾਰੇ ਇੱਕ ਵੇਰਵੇ ਸਮੇਤ ਹਲਫ਼ਨਾਮਾ ਦਾਇਰ ਕਰਨ ਦਾ ਨਿਰਦੇਸ਼ ।

- ਸੰਸਦ ਦੇ ਦੋਵਾਂ ਸਦਨਾਂ ਦੀ ਕਾਰਵਾਈ NEET ਪ੍ਰੀਖਿਆ ਪੇਪਰ ਲੀਕ ਅਤੇ ਵਿਦਿਆਰਥੀਆਂ ਦੇ ਵਿਰੋਧ ਪ੍ਰਦਰਸ਼ਨਾਂ ਨੂੰ ਲੈ ਕੇ ਲਗਾਤਾਰ ਹੰਗਾਮੇ ਕਾਰਨ ਸੋਮਵਾਰ ਤੱਕ ਮੁਲਤਵੀ ਹੋਈ ।

- ਇਨਫੋਰਸਮੈਂਟ ਡਾਇਰੈਕਟੋਰੇਟ ਨੇ ਅੱਜ ਪੰਜਾਬ, ਦਿੱਲੀ ਅਤੇ ਉੱਤਰ ਪ੍ਰਦੇਸ਼ ਵਿੱਚ ਅੱਠ ਥਾਵਾਂ 'ਤੇ ਕਥਿਤ ਬੈਂਕ ਧੋਖਾਧੜੀ ਅਤੇ ਮਨੀ ਲਾਂਡਰਿੰਗ ਮਾਮਲੇ ਸੰਬਧੀ ਤਲਾਸ਼ੀ ਮੁਹਿੰਮ ਚਲਾਈ।

- ਪੰਜਾਬ ਸਰਕਾਰ ਵੱਲੋਂ ਵਿਦਿਆਰਥਣਾਂ ਦੀ ਸ਼ਿਕਾਇਤ ‘ਤੇ ਮੋਗਾ ਦੇ ਅਧਿਆਪਕ ਮੁਅੱਤਲ- ਸਿਖਿਆ ਮੰਤਰੀ ਨੇ ਸਮਾਂਬੱਧ ਜਾਂਚ ਦੇ ਹੁਕਮ ਜਾਰੀ ਕੀਤੇ।

- ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਤੱਕ ਮੀਰੀ ਪੀਰੀ ਖਾਲਸਾ ਮਾਰਚ ਦੀ ਅੱਜ ਖ਼ਾਲਸਈ ਜਾਹੋ-ਜਲਾਲ ਨਾਲ ਆਰੰਭਤਾ ਹੋਈ।

***ਹੁਣ ਖਬਰਾਂ ਵਿਸਥਾਰ ਨਾਲ***

ਸਰਵਉੱਚ ਅਦਾਲਤ ਨੇ ਅੱਜ ਕੇਂਦਰ ਸਰਕਾਰ ਅਤੇ ਰਾਸ਼ਟਰੀ ਪ੍ਰੀਖਿਆ ਏਜੰਸੀ ਨੂੰ NEET-UG ਪੇਪਰ ਲੀਕ ਮਾਮਲੇ ਤੋਂ ਬਾਅਦ ਸੁਧਾਰਾਂ ਨੂੰ ਲਾਗੂ ਕਰਨ ਵਿੱਚ ਹੋਈ ਪ੍ਰਗਤੀ ਬਾਰੇ ਇੱਕ ਵੇਰਵੇ ਸਮੇਤ ਹਲਫ਼ਨਾਮਾ ਦਾਇਰ ਕਰਨ ਦਾ ਨਿਰਦੇਸ਼ ਦਿੱਤਾ। NEET ਪੇਪਰ ਲੀਕ ਮਾਮਲੇ ਦੀ ਸੁਣਵਾਈ ਕਰ ਰਹੇ ਜਸਟਿਸ ਪੀ.ਐਸ. ਨਰਸਿਮਹਾ ਅਤੇ ਆਲੋਕ

ਅਰਾਧੇ ਦੇ ਬੈਂਚ ਨੇ ਕਿਹਾ ਕਿ ਹਲਫ਼ਨਾਮੇ ਵਿੱਚ ਸਿਰਫ਼ ਅਸਥਾਈ ਉਪਾਵਾਂ 'ਤੇ ਨਿਰਭਰ ਕਰਨ ਦੀ ਬਜਾਏ ਸੁਧਾਰਾਂ ਨੂੰ ਸੰਸਥਾਗਤ ਬਣਾਉਣ ਲਈ ਚੁੱਕੇ ਗਏ ਕਦਮਾਂ ਦਾ ਸਪਸ਼ਟ ਤੌਰ 'ਤੇ ਵੇਰਵਾ ਹੋਣਾ ਚਾਹੀਦਾ ਏ। ਬੈਂਚ ਨੇ ਕਿਹਾ ਕਿ ਉਹ ਮਾਮਲੇ ਦੀ ਨੇੜਿਓਂ ਨਿਗਰਾਨੀ ਅਤੇ ਇਸਦੀ ਨਿਯਮਤ ਤੌਰ 'ਤੇ ਸਮੀਖਿਆ ਕਰੇਗਾ। ਸਿਖਰਲੀ ਅਦਾਲਤ ਨੇ ਕੇਂਦਰ ਸਰਕਾਰ ਤੋਂ ਇਹ ਵੀ ਪੁੱਛਿਆ ਕਿ ਉਹ ਪ੍ਰੀਖਿਆ ਪ੍ਰਕਿਰਿਆ ਨੂੰ ਪੂਰੀ ਤਰ੍ਹਾਂ ਔਨਲਾਈਨ ਮੋਡ ਵਿੱਚ ਤਬਦੀਲ ਕਰਨ ਲਈ ਕੀ ਕਦਮ ਚੁੱਕ ਰਹੀ ਏ। ਕੇਂਦਰ ਸਰਕਾਰ ਦੀ ਨੁਮਾਇੰਦਗੀ ਕਰ ਰਹੇ ਭਾਰਤ ਦੇ ਸਾਲਿਸਿਟਰ ਜਨਰਲ ਤੁਸ਼ਾਰ ਮਹਿਤਾ ਨੇ ਕਿਹਾ ਕਿ ਸਰਕਾਰ ਵਿਦਿਆਰਥੀਆਂ ਨੂੰ ਦਰਪੇਸ਼ ਸਮੱਸਿਆਵਾਂ ਨੂੰ ਹੱਲ ਕਰਨ ਲਈ ਹਰ ਸੰਭਵ ਕੋਸ਼ਿਸ਼ ਕਰ ਰਹੀ ਏ। ਉਨ੍ਹਾਂ ਨੇ ਅਦਾਲਤ ਦੇ ਸਾਹਮਣੇ ਇੱਕ ਵਿਆਪਕ ਦ੍ਰਿਸ਼ਟੀਕੋਣ ਪੇਸ਼ ਕਰਨ ਲਈ ਹੋਰ ਸਮਾਂ ਮੰਗਿਆ। ਇਸ ਮਗਰੋਂ ਸੁਪਰੀਮ ਕੋਰਟ ਨੇ  ਮਾਮਲੇ ਦੀ ਅਗਲੀ ਸੁਣਵਾਈ 27 ਜੁਲਾਈ ਲਈ ਤੈਅ ਕੀਤੀ ਏ।

---------------------------------------------------------

ਸੰਸਦ ਦੇ ਦੋਵਾਂ ਸਦਨਾਂ ਦੀ ਕਾਰਵਾਈ ਅੱਜ ਲਗਾਤਾਰ ਪੰਜਵੇਂ ਦਿਨ ਵੀ NEET ਪ੍ਰੀਖਿਆ ਪੇਪਰ ਲੀਕ ਅਤੇ ਵਿਦਿਆਰਥੀਆਂ ਦੇ ਵਿਰੋਧ ਪ੍ਰਦਰਸ਼ਨਾਂ ਨੂੰ ਲੈ ਕੇ ਲਗਾਤਾਰ ਹੰਗਾਮੇ ਕਾਰਨ ਸੋਮਵਾਰ ਤੱਕ ਮੁਲਤਵੀ

ਕਰ ਦਿੱਤੀ ਗਈ। ਜਦੋਂ ਦੂਜੀ ਵਾਰ ਮੁਲਤਵੀ ਹੋਣ ਤੋਂ ਬਾਅਦ ਰਾਜ ਸਭਾ ਦੀ ਕਾਰਵਾਈ ਮੁੜ ਸ਼ੁਰੂ ਹੋਈ, ਤਾਂ ਗ੍ਰਹਿ ਰਾਜ ਮੰਤਰੀ ਨਿਤਿਆਨੰਦ ਰਾਏ ਨੇ ਰਾਸ਼ਟਰੀ ਸਨਮਾਨ ਦੇ ਅਪਮਾਨ ਦੀ ਰੋਕਥਾਮ (ਸੋਧ) ਬਿੱਲ, 2026 ਪੇਸ਼ ਕੀਤਾ। ਇਸ ਬਿੱਲ ਦਾ ਉਦੇਸ਼ ਰਾਸ਼ਟਰੀ ਸਨਮਾਨ ਦੇ ਅਪਮਾਨ ਦੀ ਰੋਕਥਾਮ ਬਿੱਲ, 1971 ਵਿੱਚ ਹੋਰ ਸੋਧ ਕਰਨਾ ਏ। ਅੱਜ ਸਵੇਰੇ, ਦੋਵੇਂ ਸਦਨਾਂ ਵਿਚ ਕਾਰਗਿਲ ਯੁੱਧ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਸਭਾਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਕਿਹਾ ਕਿ ਕਾਰਗਿਲ ਵਿਜੇ ਦਿਵਸ 1999 ਦੇ ਕਾਰਗਿਲ ਜੰਗ ਵਿੱਚ ਭਾਰਤ ਦੀ ਜਿੱਤ ਦੀ ਯਾਦ ਦਿਵਾਉਂਦਾ ਏ। ਉਨ੍ਹਾਂ ਕਿਹਾ ਕਿ ਇਹ ਦਿਨ ਹਥਿਆਰਬੰਦ ਸੈਨਾਵਾਂ ਦੇ ਬਹਾਦਰ ਅਧਿਕਾਰੀਆਂ ਅਤੇ ਸੈਨਿਕਾਂ ਦਾ ਸਨਮਾਨ ਕਰਦਾ ਏ ਜਿਨ੍ਹਾਂ ਦੇਸ਼ ਦੀ ਪ੍ਰਭੂਸੱਤਾ ਅਤੇ ਖੇਤਰੀ ਅਖੰਡਤਾ ਦੀ ਮਿਸਾਲੀ ਹਿੰਮਤ, ਬਹਾਦਰੀ ਅਤੇ ਕਰਤੱਵ ਪ੍ਰਤੀ ਸਮਰਪਣ ਨਾਲ ਰੱਖਿਆ ਕੀਤੀ। । ਓਧਰ ਲੋਕ ਸਭ ਸਪੀਕਰ ਓਮ ਬਿਰਲਾ ਨੇ ਕਿਹਾ।

BYTE

---------------------------------------------------

ਇਨਫੋਰਸਮੈਂਟ ਡਾਇਰੈਕਟੋਰੇਟ ਨੇ ਅੱਜ ਪੰਜਾਬ, ਦਿੱਲੀ ਅਤੇ ਉੱਤਰ ਪ੍ਰਦੇਸ਼ ਵਿੱਚ ਅੱਠ ਥਾਵਾਂ 'ਤੇ ਕਥਿਤ ਬੈਂਕ ਧੋਖਾਧੜੀ ਅਤੇ ਮਨੀ ਲਾਂਡਰਿੰਗ ਮਾਮਲੇ ਸੰਬਧੀ ਤਲਾਸ਼ੀ ਮੁਹਿੰਮ ਚਲਾਈ ਏ। ਡਾਇਰੈਕਟੋਰੇਟ

ਨੇ ਕਿਹਾ ਕਿ ਇਹ ਜਾਂਚ, ਕੇਂਦਰੀ ਜਾਂਚ ਬਿਊਰੋ ਦੇ ਇੱਕ ਮਾਮਲੇ ਨਾਲ ਸਬੰਧਤ ਏ, ਜਿਸ ਵਿੱਚ ਲਗਭਗ 450 ਕਰੋੜ ਦੀ ਧੋਖਾਧੜੀ ਸ਼ਾਮਲ ਏ । ਮਾਮਲੇ ਦੀ ਜਾਂਚ ਜਾਰੀ ਏ । ਉੱਧਰ ਈਡੀ ਦੇ  ਜੰਮੂ ਸਬ ਜ਼ੋਨਲ ਦਫ਼ਤਰ ਨੇ ਬੀਤੇ ਦਿਨੀ ਪੰਜਾਬ ਅਤੇ ਜੰਮੂ ਕਸ਼ਮੀਰ ਵਿੱਚ 9 ਥਾਵਾਂ 'ਤੇ ਨਾਰਕੋ-ਟੈਰਰ ਫੰਡਿੰਗ ਨਾਲ ਸਬੰਧਤ ਚੱਲ ਰਹੀ ਮਨੀ ਲਾਂਡਰਿੰਗ ਜਾਂਚ ਦੇ ਸਬੰਧ ਵਿੱਚ ਤਲਾਸ਼ੀ ਮੁਹਿੰਮ ਚਲਾਈ। ਤਲਾਸ਼ੀ ਦੌਰਾਨ, ਕਈ ਅਪਰਾਧਕ ਦਸਤਾਵੇਜ਼, ਬੈਂਕ ਖਾਤੇ ਦੇ ਰਿਕਾਰਡ ਬਰਾਮਦ ਕੀਤੇ ਗਏ ਅਤੇ ਜ਼ਬਤ ਕੀਤੇ ਗਏ। ਇਸ ਤੋਂ ਇਲਾਵਾ, ਕਈ ਬੈਂਕ ਖਾਤਿਆਂ ਨੂੰ ਫ੍ਰੀਜ਼ ਕਰ ਦਿੱਤਾ ਗਿਆ ਏ  ਜਿਨ੍ਹਾਂ ਵਿੱਚ ਲਗਭਗ 49 ਲੱਖ 90 ਰੁਪਏ ਦੀ ਰਕਮ ਏ ।

---------------------------------------------------------------

ਪੰਜਾਬ ਸਰਕਾਰ ਨੇ ਵਿੱਤੀ ਸਾਲ 2026-27 ਦੌਰਾਨ ਪੱਛੜੀਆਂ ਸ਼੍ਰੇਣੀਆਂ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਦੇ 2 ਹਜ਼ਾਰ 769 ਯੋਗ ਲਾਭਪਾਤਰੀਆਂ ਲਈ ਅਸ਼ੀਰਵਾਦ ਸਕੀਮ ਤਹਿਤ  14 ਕਰੋੜ 12 ਲੱਖ ਦੀ ਰਾਸ਼ੀ ਜਾਰੀ ਕੀਤੀ ਏ । ਇਹ ਵਿੱਤੀ ਸਹਾਇਤਾ ਯੋਗ ਪਰਿਵਾਰਾਂ ਨੂੰ ਉਨ੍ਹਾਂ ਦੀਆਂ ਧੀਆਂ ਦੇ ਵਿਆਹ ਦੇ ਖਰਚੇ ਇੱਜ਼ਤ-ਮਾਣ ਨਾਲ ਪੂਰੇ ਕਰਨ ਵਿੱਚ ਮਦਦ ਕਰੇਗੀ ਅਤੇ ਉਨ੍ਹਾਂ ਦੇ ਵਿੱਤੀ ਬੋਝ ਨੂੰ ਘਟਾਏਗੀ।

ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਮੌਜੂਦਾ ਵਿੱਤੀ ਸਾਲ ਦੌਰਾਨ ਅਸ਼ੀਰਵਾਦ ਪੋਰਟਲ ਰਾਹੀਂ 19 ਜ਼ਿਲ੍ਹਿਆਂ ਦੇ ਲਾਭਪਾਤਰੀਆਂ ਦੀਆਂ 2,769 ਯੋਗ ਅਰਜ਼ੀਆਂ ਪ੍ਰਾਪਤ ਹੋਈਆਂ ਸਨ। ਡਾ. ਬਲਜੀਤ ਕੌਰ ਨੇ ਦੱਸਿਆ ਕਿ ਅਸ਼ੀਰਵਾਦ ਸਕੀਮ ਤਹਿਤ ਪੰਜਾਬ ਸਰਕਾਰ ਘੱਟ ਆਮਦਨ ਵਾਲੇ ਪਰਿਵਾਰਾਂ ਦੀਆਂ ਯੋਗ ਧੀਆਂ ਦੇ ਵਿਆਹ ਲਈ 51, ਹਜ਼ਾਰ ਦੀ ਵਿੱਤੀ ਸਹਾਇਤਾ ਪ੍ਰਦਾਨ ਕਰਦੀ ਏ।

---------------------------------------------------------------

ਪੰਜਾਬ ਸਕੂਲ ਸਿੱਖਿਆ ਵਿਭਾਗ ਨੇ ਅੱਜ ਵਿਦਿਆਰਥਣਾਂ ਨਾਲ ਗਲ਼ਤ ਵਿਵਹਾਰ ਅਤੇ ਧਮਕੀਆਂ ਦੇਣ ਦੀ ਸ਼ਿਕਾਇਤ 'ਤੇ ਤੁਰੰਤ ਕਾਰਵਾਈ ਕਰਦਿਆਂ ਮੋਗਾ ਜ਼ਿਲ੍ਹੇ ਦੇ ਅਧਿਆਪਕ ਨੂੰ ਮੁਅੱਤਲ ਕਰ ਦਿੱਤਾ ਏ। ਇਹ ਕਾਰਵਾਈ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਨਿਰਦੇਸ਼ਾਂ ‘ਤੇ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ), ਮੋਗਾ ਵੱਲੋਂ ਪੇਸ਼ ਕੀਤੀ ਗਈ ਮੁੱਢਲੀ ਰਿਪੋਰਟ ਉਪੰਰਤ ਕੀਤੀ ਗਈ ਏ। ਜ਼ਿਕਰਯੋਗ ਏ ਕਿ ਪਿੰਡ ਮੋਠਾਂਵਾਲੀ ਦੇ ਸਰਕਾਰੀ ਮਿਡਲ ਸਕੂਲ ਵਿੱਚ ਛੇਵੀਂ ਅਤੇ ਅੱਠਵੀਂ ਜਮਾਤ ਦੀਆਂ ਵਿਦਿਆਰਥਣਾਂ ਨੇ ਸ਼ਿਕਾਇਤ ਕੀਤੀ ਸੀ ਕਿ ਸਮਾਜਿਕ ਸਿੱਖਿਆਅਧਿਆਪਕ ਨੇ ਉਨ੍ਹਾਂ ਨੂੰ ਗਲਤ ਢੰਗ ਨਾਲ ਛੂਹਿਆ ਅਤੇ ਉਨ੍ਹਾਂ ਨੂੰ ਧਮਕੀ ਦਿੱਤੀ ਕਿ ਜੇਕਰ ਇਸ ਹਰਕਤ ਬਾਰੇ ਕਿਸੇ ਨੂੰ ਦੱਸਿਆ ਤਾਂ

ਉਨ੍ਹਾਂ ਨੂੰ ਫੇਲ੍ਹ ਕਰ ਦਿੱਤਾ ਜਾਵੇਗਾ। ਇਸ ਘਟਨਾ 'ਤੇ ਡੂੰਘੀ ਚਿੰਤਾ ਪ੍ਰਗਟ ਕਰਦਿਆਂ, ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਹਰ ਬੱਚੇ ਦੀ ਸੁਰੱਖਿਆ ਅਤੇ ਤੰਦਰੁਸਤੀ ਨੂੰ ਪ੍ਰਮੁੱਖ ਤਰਜੀਹ ਦਿੱਤੀ ਜਾਂਦੀ ਏ । ਸਿੱਖਿਆ ਮੰਤਰੀ ਨੇ ਕਿਹਾ ਕਿ ਸਰਕਾਰ ਵੱਲੋਂ ਬੱਚਿਆਂ ਨੂੰ ਧਮਕਾਉਣ ਜਾਂ ਨੁਕਸਾਨ ਪਹੁੰਚਾਉਣ ਲਈ ਆਪਣੇ ਅਹੁਦੇ ਦੀ ਦੁਰਵਰਤੋਂ ਕਰਨ ਵਾਲੇ ਕਿਸੇ ਵੀ ਅਧਿਆਪਕ ਨੂੰ ਬਖ਼ਸ਼ਿਆ ਨਹੀਂ ਜਾਵੇਗਾ। ਇਸ ਮਾਮਲੇ ਦੀ ਸਮਾਂਬੱਧ ਜਾਂਚ ਦੇ ਹੁਕਮ ਦਿੱਤੇ ਗਏ ਨੇ ਅਤੇ ਦੋਸ਼ ਸਾਬਤ ਹੋਣ 'ਤੇ ਸਖ਼ਤ ਕਾਰਵਾਈ ਕੀਤੀ ਜਾਵੇਗੀ। ਮੁਅੱਤਲੀ ਦੌਰਾਨ ਮੁਲਜ਼ਮ ਨੂੰ ਸੇਵਾ ਨਿਯਮਾਂ ਅਨੁਸਾਰ ਗੁਜ਼ਾਰਾ ਭੱਤਾ ਮਿਲੇਗਾ। ਦਫਤਰ ਜ਼ਿਲ੍ਹਾ ਸਿੱਖਿਆ ਅਧਿਕਾਰੀ (ਸੈਕੰਡਰੀ), ਮੋਗਾ ਨੂੰ ਉਸ ਦਾ ਮੁੱਖ ਦਫ਼ਤਰ ਨਿਰਧਾਰਤ ਕੀਤਾ ਗਿਆਏ ਜਿੱਥੇ ਉਸਨੂੰ ਅਗਲੇ ਹੁਕਮਾਂ ਤੱਕ ਰੋਜ਼ਾਨਾ ਆਪਣੀ ਹਾਜ਼ਰੀ ਲਗਾਉਣੀ ਪਵੇਗੀ।

---------------------------------------------------

ਪੰਜਾਬ ਸਰਕਾਰ ਵੱਲੋਂ ਪੇਂਡੂ ਖੇਤਰਾਂ ਦੇ ਸਰਬਪੱਖੀ ਵਿਕਾਸ ਨੂੰ ਹੋਰ ਗਤੀ ਦੇਣ ਦੇ ਉਦੇਸ਼ ਨਾਲ ਅੱਜ ਜ਼ਿਲਾ ਪਠਾਨਕੋਟ ਦੇ ਨਰੋਟ ਜੈਮਲ ਸਿੰਘ ਬਲਾਕ ਦੀਆਂ ਗ੍ਰਾਮ ਪੰਚਾਇਤਾਂ ਨੂੰ 1 ਕਰੋੜ 31 ਲੱਖ ਰੁਪਏ ਦੀ ਵਿਕਾਸ ਰਾਸ਼ੀ ਦੇ ਚੈੱਕ ਵੰਡੇ ਗਏ। ਕੈਬਨਿਟ ਮੰਤਰੀ ਲਾਲ ਚੰਦ ਕਟਾਰੂ ਚੱਕ ਨੇ

ਸਮਾਗਮ ਦੀ ਅਗਵਾਈ ਕਰਦਿਆਂ ਕਿਹਾ ਕਿ ਹਰ ਪਿੰਡ ਨੂੰ ਬੁਨਿਆਦੀ ਸਹੂਲਤਾਂ ਨਾਲ ਲੈਸ ਕਰਨ ਲਈ ਲਗਾਤਾਰ ਫੰਡ ਜਾਰੀ ਕੀਤੇ ਜਾ ਰਹੇ ਨੇ। ਉਨ੍ਹਾਂ ਕਿਹਾ ਕਿ ਅੱਜ ਜਾਰੀ ਕੀਤੀ ਗਈ ਵਿਕਾਸ ਰਾਸ਼ੀ ਵੱਖ-ਵੱਖ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਦਿੱਤੀ ਗਈ ਏ। ਉਨ੍ਹਾਂ ਕਿਹਾ ਕਿ ਕਮਿਊਨਿਟੀ ਹਾਲ ਦੀ ਉਸਾਰੀ ,ਗੰਦੇ ਪਾਣੀ ਦੀ ਨਿਕਾਸੀ ਪ੍ਰਣਾਲੀ ਮਜ਼ਬੂਤ ਕਰਨ ਲਈ, ਆਂਗਣਵਾੜੀ ਕੇਂਦਰਾਂ ਦੀ ਉਸਾਰੀ ਜਾਂ ਮੁਰੰਮਤ ਸਮੇਤ ਹੋਰ ਬੁਨਿਆਦੀ ਵਿਕਾਸ ਕਾਰਜਾਂ ਲਈ ਫੰਡ ਮੁਹੱਈਆ ਕਰਵਾਏ ਗਏ ਨੇ। ਕੈਬਨਿਟ ਮੰਤਰੀ ਨੇ ਪੰਚਾਇਤ ਨੁਮਾਇੰਦਿਆਂ ਨੂੰ ਅਪੀਲ ਕੀਤੀ ਕਿ ਉਹ ਵਿਕਾਸ ਰਾਸ਼ੀ ਦੀ ਪਾਰਦਰਸ਼ੀ ਅਤੇ ਸਮੇਂ ਸਿਰ ਵਰਤੋਂ ਯਕੀਨੀ ਬਣਾਉਣ। ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਦੀ ਰਫ਼ਤਾਰ ਨੂੰ ਦੇਖਦੇ ਹੋਏ ਭਵਿੱਖ ਵਿੱਚ ਵੀ ਲੋੜ ਅਨੁਸਾਰ ਹੋਰ ਫੰਡ ਮੁਹੱਈਆ ਕਰਵਾਏ ਜਾਣਗੇ।

---

ਸਕੂਲੀ ਵਿਦਿਆਰਥੀਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਸੁਰੱਖਿਅਤ ਸਕੂਲ ਵਾਹਨ ਨੀਤੀ ਤਹਿਤ ਅੱਜ ਜਲੰਧਰ ਚ ਵੱਖ-ਵੱਖ ਥਾਈਂ ਸਕੂਲ ਬੱਸਾਂ ਦੀ ਕੀਤੀ ਗਈ ਚੈਕਿੰਗ ਦੌਰਾਨ 8 ਸਕੂਲੀ ਬੱਸਾਂ ਦੇ ਚਲਾਨ ਕੀਤੇ ਗਏ। ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਅਜੈ ਭਾਰਤੀ ਨੇ ਦੱਸਿਆ ਕਿ ਨੀਤੀ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਦੀ

ਪੁਰਜ਼ੋਰ ਕੋਸ਼ਿਸ਼ ਕੀਤੀ ਜਾ ਰਹੀ ਏ । ਉਨ੍ਹਾਂ ਦੱਸਿਆ ਕਿ ਅੱਜ ਡਿਫੈਂਸ ਕਲੋਨੀ ਸਮੇਤ ਵੱਖ-ਵੱਖ ਥਾਵਾਂ ’ਤੇ ਸਕੂਲ ਬੱਸਾਂ ਦੀ ਚੈਕਿੰਗ ਕੀਤੀ ਗਈ, ਜਿਸ ਦੌਰਾਨ ਸਕੂਲ ਬੱਸ ਵਿੱਚ ਮਹਿਲਾ ਸਕਾਇਕ ਨਾ ਹੋਣ, ਬਿਨਾਂ ਵਰਦੀ ਡਰਾਈਵਰ ਸਮੇਤ ਸੁਰੱਖਿਅਤ ਸਕੂਲ ਵਾਹਨ ਨੀਤੀ ਦੀਆਂ ਹੋਰ ਸ਼ਰਤਾਂ ਪੂਰੀਆਂ ਨਾ ਕਰਨ ਵਾਲੀਆਂ 8 ਸਕੂਲੀ ਬੱਸਾਂ ਦੇ ਚਲਾਨ ਕੀਤੇ ਗਏ ਹਨ। ਉਨ੍ਹਾਂ ਸਾਰੇ ਸਕੂਲਾਂ ਦੇ ਪ੍ਰਿੰਸੀਪਲਾਂ ਨੂੰ ਅਪੀਲ ਕੀਤੀ ਕਿ ਹਰ ਸਕੂਲ ਵਾਹਨ ਦੀ ਪਾਲਿਸੀ ਅਨੁਸਾਰ ਹੋਣਾ ਲਾਜ਼ਮੀ ਏ । ਉਨ੍ਹਾਂ ਕਿਹਾ ਕਿ ਹਦਾਇਤਾਂ ਦੀ ਪਾਲਣਾ ਨਾ ਕਰਨ ਵਾਲੇ ਵਾਹਨਾਂ ’ਤੇ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

---------------------------------------------------------

ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਵੱਲੋਂ ਮਨੁੱਖਤਾ ਦੀ ਰਾਖੀ, ਧਰਮ ਦੀ ਅਜ਼ਾਦੀ, ਇਨਸਾਫ਼ ਅਤੇ ਰੂਹਾਨੀ ਉੱਚਤਾ ਦੇ ਸੰਦੇਸ਼ ਨੂੰ ਪ੍ਰਗਟ ਕਰਦੇ ਮੀਰੀ ਪੀਰੀ ਦਿਵਸ ਨੂੰ ਸਮਰਪਿਤ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਤੱਕ ਮੀਰੀ ਪੀਰੀ ਖਾਲਸਾ ਮਾਰਚ ਦੀ ਅੱਜ ਖ਼ਾਲਸਈ ਜਾਹੋ-ਜਲਾਲ ਨਾਲ ਆਰੰਭਤਾ ਹੋਈ। ਇਸ ਖ਼ਾਲਸਾ ਮਾਰਚ ਦਾ ਮਕਸਦ ਮੀਰੀ ਪੀਰੀ ਦੇ ਮਹਾਨ ਸਿਧਾਂਤ ਨੂੰ ਸੰਗਤਾਂ ਅਤੇ ਖ਼ਾਸਕਰ ਨਵੀਂ ਪੀੜ੍ਹੀ ਤੱਕ ਪਹੁੰਚਾਉਣਾ, ਕੌਮੀ ਏਕਤਾ ਤੇ ਪੰਥਕ ਚੇਤਨਾ ਨੂੰ ਹੋਰ ਮਜ਼ਬੂਤ ਕਰਨਾ ਏ

। ਮਾਰਚ ਦੀ ਆਰੰਭਤਾ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਸੰਗਤਾਂ ਨੇ ਵੱਡੀ ਗਿਣਤੀ ’ਚ ਸ਼ਮੂਲੀਅਤ ਕੀਤੀ । ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਵੱਲੋਂ ਬਖ਼ਸ਼ਿਆਂ ਮੀਰੀ ਪੀਰੀ ਦਾ ਸਿਧਾਂਤ ਸਿੱਖੀ ਦੀ ਰੂਹ ਏ, ਜੋ ਮਨੁੱਖ ਨੂੰ ਇਕ ਪਾਸੇ ਅਕਾਲ ਪੁਰਖ ਨਾਲ ਜੋੜਦਾ ਏ ਅਤੇ ਦੂਜੇ ਪਾਸੇ ਜ਼ੁਲਮ ਬੇਇਨਸਾਫ਼ੀ ਤੇ ਅਨਿਆਂ ਦੇ ਵਿਰੁੱਧ ਡੱਟ ਕੇ ਖੜ੍ਹਨ ਦੀ ਪ੍ਰੇਰਣਾ ਦਿੰਦਾ ਏ । ਮੀਰੀ ਪੀਰੀ ਖਾਲਸਾ ਮਾਰਚ ’ਚ ਨਿਹੰਗ ਸਿੰਘ ਦਲ ਪੰਥ ਦੀ ਹਾਥੀ, ਊਠ ਤੇ ਘੋੜਿਆਂ ਸਮੇਤ ਸ਼ਮੂਲੀਅਤ ਨੇ ਇਸ ਦੇ ਖ਼ਾਲਸਈ ਜਲੋਅ ਵਿਚ ਵਾਧਾ ਕੀਤਾ। ਇਸ ਦੇ ਨਾਲ ਹੀ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀ ਵੀ ਮੀਰੀ ਪੀਰੀ ਖਾਲਸਾ ਮਾਰਚ ਦਾ ਹਿੱਸਾ ਬਣੇ।

---------------------------------------------------

ਪਠਾਨਕੋਟ  ਜ਼ਿਲ੍ਹਾ ਚੋਣ ਅਧਿਕਾਰੀ  ਡਾ. ਪੱਲਵੀ ਦੇ ਦਿਸ਼ਾ-ਨਿਰਦੇਸ਼ਾਂ ਹੇਠ ਸਰਕਾਰੀ  ਸੀਨੀਅਰ ਸੈਕੰਡਰੀ ਸਕੂਲ ਹਾੜਾ  ਵਿਖੇ ਜਿਲ੍ਹਾ ਸਵੀਪ ਟੀਮ ਵਲੋਂ ਐਸ.ਆਈ.ਆਰ. ਸਬੰਧੀ ਇੱਕ ਜਾਗਰੂਕਤਾ ਸੈਮੀਨਾਰ

ਕਰਵਾਇਆ ਗਿਆ। ਸੈਮੀਨਾਰ ਦੌਰਾਨ ਜ਼ਿਲ੍ਹਾ ਸਵੀਪ ਟੀਮ ਦੇ ਸਹਾਇਕ ਨੋਡਲ ਅਧਿਕਾਰੀ ਰਵੀ ਕਾਂਤ ਅਤੇ ਟੀਮ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਐਸ.ਆਈ.ਆਰ. ਮੁਹਿੰਮ ਦੇ ਉਦੇਸ਼, ਵੋਟਰ ਸੂਚੀ ਵਿੱਚ ਨਾਮ ਦਰਜ ਕਰਵਾਉਣ, ਸੋਧ, ਤਬਦੀਲੀ ਅਤੇ ਲੋੜੀਂਦੇ ਦਸਤਾਵੇਜ਼ਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਸੋਧੀ ਅਤੇ ਅੱਪਡੇਟ ਵੋਟਰ ਸੂਚੀ ਇੱਕ ਮਜ਼ਬੂਤ ਲੋਕਤੰਤਰ ਦੀ ਬੁਨਿਆਦ ਏ  ਅਤੇ ਹਰ ਯੋਗ ਨਾਗਰਿਕ ਦੀ ਜ਼ਿੰਮੇਵਾਰੀ ਬਣਦੀ ਏ  ਕਿ ਉਹ ਸਮੇਂ ਸਿਰ ਆਪਣੀ ਵੋਟਰ ਰਜਿਸਟ੍ਰੇਸ਼ਨ ਕਰਵਾਏ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ ਕਿ ਉਹ ਆਪਣੇ ਮਾਪਿਆਂ, ਪਰਿਵਾਰਕ ਮੈਂਬਰਾਂ ਅਤੇ ਆਸ-ਪਾਸ ਦੇ ਯੋਗ ਨਾਗਰਿਕਾਂ ਤੱਕ ਵੀ ਇਹ ਸੁਨੇਹਾ ਪਹੁੰਚਾਉਣ, ਤਾਂ ਜੋ ਕੋਈ ਵੀ ਯੋਗ ਵੋਟਰ ਆਪਣਾ ਵੋਟ ਦਾ ਅਧਿਕਾਰ ਪ੍ਰਾਪਤ ਕਰਨ ਤੋਂ ਵਾਂਝਾ ਨਾ ਰਹੇ। ਇਸ ਮੌਕੇ ਵਿਦਿਆਰਥੀਆਂ ਨੂੰ ਐਸ.ਆਈ.ਆਰ. ਸਬੰਧੀ ਜਾਗਰੂਕਤਾ ਪੈਂਫਲਿਟ ਵੰਡੇ ਗਏ ਅਤੇ ਵੋਟਰ ਰਜਿਸਟ੍ਰੇਸ਼ਨ ਪ੍ਰਕਿਰਿਆ ਬਾਰੇ  ਜਾਣਕਾਰੀ ਦਿੱਤੀ ਗਈ।

-----------------------------------------------------

ਫਿਰੋਜ਼ਪੁਰ ਰੇਲਵੇ ਡਿਵੀਜ਼ਨ ਤਹਿਤ ਰੇਲਵੇ ਸਟੇਸ਼ਨਾਂ 'ਤੇ ਚੱਲਣ ਵਾਲੀਆਂ ਰੇਲਗੱਡੀਆਂ ਵਿਚ ਜੁਲਾਈ  ਮਹੀਨੇ ਦੌਰਾਨ ਬੇਲੋੜੀ ਚੇਨ ਖਿੱਚਣ ਅਤੇ ਰੋਕਣ ਦੇ 93 ਮਾਮਲੇ ਦਰਜ ਕੀਤੇ ਗਏ ਸਨ ਅਤੇ ਇਨ੍ਹਾਂ

ਮਾਮਲਿਆਂ ਵਿੱਚ 34 ਲੋਕਾਂ ਨੂੰ ਗ੍ਰਿਫਤਾਰ ਕੀਤਾ ਗਿਆ ਸੀ। ਭਾਰਤੀ ਰੇਲਵੇ ਐਕਟ ਦੀ ਧਾਰਾ 141 ਦੇ ਤਹਿਤ, ਬਿਨਾਂ ਕਿਸੇ ਜਾਇਜ਼ ਕਾਰਨ ਦੇ ਚੇਨ ਖਿੱਚਣ 'ਤੇ  ਇਕ ਹਜ਼ਾਰ ਤੱਕ ਦਾ ਜੁਰਮਾਨਾ, ਇੱਕ ਸਾਲ ਤੱਕ ਦੀ ਕੈਦ ਜਾਂ ਦੋਵੇਂ ਸਜ਼ਾਵਾਂ ਨੇ । ਫਿਰੋਜ਼ਪੁਰ ਡਿਵੀਜ਼ਨ ਨੇ ਸਾਰੇ ਰੇਲਵੇ ਯਾਤਰੀਆਂ ਨੂੰ ਅਪੀਲ ਕੀਤੀ ਏ ਕਿ ਉਹ ਸਿਰਫ ਅਸਲ ਹੰਗਾਮੀ ਸਥਿਤੀਆਂ ਵਿੱਚ ਹੀ ਅਲਾਰਮ ਚੇਨ ਦੀ ਵਰਤੋਂ ਕਰਨ। ਬੇਲੋੜੀ ਚੇਨ ਖਿੱਚਣਾ  ਹਜ਼ਾਰਾਂ ਯਾਤਰੀਆਂ ਦੀ ਯਾਤਰਾ ਨੂੰ ਪ੍ਰਭਾਵਿਤ ਕਰਦੀ ਏ ਅਤੇ ਰੇਲਵੇ ਕਾਰਜਾਂ ਵਿੱਚ ਵੀ ਵਿਘਨ ਪਾਉਂਦੀ ਏ ।

---------------------------------------------------------------

ਪੰਜਾਬੀ ਸਾਹਿਤ ਵਿਚ  'ਬਿਰਹਾ ਦੇ ਸੁਲਤਾਨ' ਵਜੋਂ ਜਾਣੇ ਜਾਂਦੇ ਉੱਘੇ ਸ਼ਾਇਰ ਸ਼ਿਵ ਕੁਮਾਰ ਬਟਾਲਵੀ ਜਿਨ੍ਹਾਂ ਦਾ ਜਨਮ 23 ਜੁਲਾਈ 1936 ਨੂੰ ਹੋਇਆ ਦਾ 90ਵਾਂ ਜਨਮ ਦਿਹਾੜਾ ਅੱਜ ਉਹਨਾਂ ਦੇ ਪਰਿਵਾਰ ਵੱਲੋਂ ਬਟਾਲਾ ਵਿਖੇ ਸ਼ਰਧਾ ਭਾਵ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਪਰਿਵਾਰਕ ਮੈਂਬਰਾਂ ਨੇ ਸ਼ਿਵ ਕੁਮਾਰ ਬਟਾਲਵੀ ਦੀ ਤਸਵੀਰ 'ਤੇ ਫੁੱਲ ਮਾਲਾਵਾਂ ਅਰਪਿਤ ਕਰਕੇ ਉਹਨਾਂ ਨੂੰ ਨਿੱਘੀ ਸ਼ਰਧਾਂਜਲੀ ਭੇਟ ਕੀਤੀ। ਸ਼ਿਵ ਕੁਮਾਰ ਬਟਾਲਵੀ ਦੀਆਂ ਲਿਖਤਾਂ ਅਤੇ ਗੀਤ ਕੇਵਲ ਪੰਜਾਬ ਵਿੱਚ ਹੀ ਨਹੀਂ, ਸਗੋਂ ਪੂਰੇ ਦੇਸ਼ ਵਿੱਚ ਬੇਹੱਦ ਮਸ਼ਹੂਰ ਨੇ । ਉਹਨਾਂ ਨੇ ਕਿਹਾ ਕਿ ਸ਼ਿਵ ਕੁਮਾਰ ਬਟਾਲਵੀ ਨੇ ਆਪਣੀ ਕਲਮ ਨਾਲ

ਜੋ ਵੀ ਲਿਖਿਆ, ਉਸ ਵਿੱਚ ਬਿਰਹਾ ਦਾ ਦਰਦ  ਭਰਿਆ ਹੋਇਆ ਸੀ। ਉਹਨਾਂ ਦੀਆਂ ਕਵਿਤਾਵਾਂ ਅਤੇ ਗੀਤਾਂ ਨੇ ਹਰ ਦਿਲ ਨੂੰ ਛੋਹਿਆ ਏ, ਜਿਸ ਕਰਕੇ ਅੱਜ ਵੀ ਉਹਨਾਂ ਦੇ ਲਿਖੇ ਗੀਤ ਦੇਸ਼ ਦੇ ਕੋਨੇ-ਕੋਨੇ ਵਿੱਚ ਗਾਏ ਅਤੇ ਸੁਣੇ ਜਾਂਦੇ ਨੇ । ਇਸ ਦੌਰਾਨ ਗੱਲਬਾਤ ਕਰਦਿਆਂ ਸ਼ਿਵ ਕੁਮਾਰ ਬਟਾਲਵੀ ਦੇ ਭਤੀਜੇ ਰਾਜੀਵ ਬਟਾਲਵੀ ਨੇ ਦੱਸਿਆ ਕਿ ਸ਼ਿਵ ਕੁਮਾਰ ਬਟਾਲਵੀ ਨੇ ਆਪਣੀ ਛੋਟੀ ਜਿਹੀ ਉਮਰ ਵਿੱਚ ਹੀ ਪੰਜਾਬੀ ਸਾਹਿਤ ਅਤੇ ਸ਼ਾਇਰੀ ਨੂੰ ਉਹ ਉੱਚਾਈਆਂ ਦਿੱਤੀਆਂ, ਜਿਨ੍ਹਾਂ ਦਾ ਮੁਕਾਬਲਾ ਨਹੀਂ ਕੀਤਾ ਜਾ ਸਕਦਾ। ਉਹਨਾਂ ਦੀ ਕਲਮ ਵਿੱਚੋਂ ਨਿਕਲਿਆ ਇੱਕ-ਇੱਕ ਲਫ਼ਜ਼ ਅੱਜ ਵੀ ਲੋਕਾਂ ਦੇ ਦਿਲਾਂ ਵਿੱਚ ਜ਼ਿੰਦਾ ਏ ਤੇ ਲੋਕ ਉਹਨਾਂ ਦੀਆਂ ਅਮਰ ਰਚਨਾਵਾਂ ਨੂੰ ਯਾਦ ਕਰਕੇ ਉਹਨਾਂ ਨੂੰ ਸਿਜਦਾ ਕਰ ਰਹੇ ਨੇ ।

BYTE

---

- ਸਰਵਉੱਚ ਅਦਾਲਤ ਵਲੋਂ ਕੇਂਦਰ ਸਰਕਾਰ ਅਤੇ ਰਾਸ਼ਟਰੀ ਪ੍ਰੀਖਿਆ ਏਜੰਸੀ ਨੂੰ, NEET-UG ਪੇਪਰ ਲੀਕ ਮਾਮਲੇ ਤੋਂ ਬਾਅਦ ਸੁਧਾਰਾਂ ਨੂੰ ਲਾਗੂ ਕਰਨ ਵਿੱਚ ਹੋਈ ਪ੍ਰਗਤੀ ਬਾਰੇ ਇੱਕ ਵੇਰਵੇ ਸਮੇਤ ਹਲਫ਼ਨਾਮਾ ਦਾਇਰ ਕਰਨ ਦਾ ਨਿਰਦੇਸ਼ ।

- ਸੰਸਦ ਦੇ ਦੋਵਾਂ ਸਦਨਾਂ ਦੀ ਕਾਰਵਾਈ NEET ਪ੍ਰੀਖਿਆ ਪੇਪਰ ਲੀਕ ਅਤੇ ਵਿਦਿਆਰਥੀਆਂ ਦੇ ਵਿਰੋਧ ਪ੍ਰਦਰਸ਼ਨਾਂ ਨੂੰ ਲੈ ਕੇ ਲਗਾਤਾਰ ਹੰਗਾਮੇ ਕਾਰਨ ਸੋਮਵਾਰ ਤੱਕ ਮੁਲਤਵੀ ਹੋਈ।

- ਇਨਫੋਰਸਮੈਂਟ ਡਾਇਰੈਕਟੋਰੇਟ ਨੇ ਅੱਜ ਪੰਜਾਬ, ਦਿੱਲੀ ਅਤੇ ਉੱਤਰ ਪ੍ਰਦੇਸ਼ ਵਿੱਚ ਅੱਠ ਥਾਵਾਂ 'ਤੇ ਕਥਿਤ ਬੈਂਕ ਧੋਖਾਧੜੀ ਅਤੇ ਮਨੀ ਲਾਂਡਰਿੰਗ ਮਾਮਲੇ ਸੰਬਧੀ ਤਲਾਸ਼ੀ ਮੁਹਿੰਮ ਚਲਾਈ।

- ਪੰਜਾਬ ਸਰਕਾਰ ਵੱਲੋਂ ਵਿਦਿਆਰਥਣਾਂ ਦੀ ਸ਼ਿਕਾਇਤ ‘ਤੇ ਮੋਗਾ ਦੇ ਅਧਿਆਪਕ ਮੁਅੱਤਲ- ਸਿਖਿਆ ਮੰਤਰੀ ਨੇ ਸਮਾਂਬੱਧ ਜਾਂਚ ਦੇ ਹੁਕਮ ਜਾਰੀ ਕੀਤੇ।

- ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਤੱਕ ਮੀਰੀ ਪੀਰੀ ਖਾਲਸਾ ਮਾਰਚ ਦੀ ਅੱਜ ਖ਼ਾਲਸਈ ਜਾਹੋ-ਜਲਾਲ ਨਾਲ ਆਰੰਭਤਾ ਹੋਈ।

---

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**